# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :10-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ, ਸਾਈਬਰ ਧੋਖਾਧੜੀ ਦਾ ਮੁਕਾਬਲਾ ਕਰਨ ਅਤੇ ਇਸਦੇ ਈਕੋਸਿਸਟਮ ਦੇ ਖਾਤਮੇ ਬਾਰੇ ਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਕੀਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ ਅੱਜ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ ਕੱਢੀ ਗਈ- ਨਸ਼ਿਆਂ ਖ਼ਿਲਾਫ਼ ਜਨ ਅੰਦੋਲਨ ਬਣਾਉਣ ਦੀ ਕੀਤੀ ਅਪੀਲ।
- ਪੰਜਾਬ BJP ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ -ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨਾਂ ਸਮੇਤ ਸੁਖਮ ਛੋਟੇ ਤੇ ਦਰਮਿਆਨੇ ਉਦਯੋਗਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਕਰਦਾ ਏ।

- ਅੰਮ੍ਰਿਤਸਰ ਪੁਲਿਸ ਨੇ ਵੱਖ ਵੱਖ ਮਾਮਲਿਆਂ 'ਚ 2 ਵਿਅਕਤੀਆਂ ਨੂੰ 2 ਹੱਥਗੋਲਿਆਂ ਅਤੇ ਵਿਸਫੋਟਕ ਸਮਗਰੀ ਸਮੇਤ ਕੀਤਾ ਗ੍ਰਿਫ਼ਤਾਰ ।
- ਏਸ਼ੀਅਨ ਰਾਈਫਲ ਅਤੇ ਪਿਸਟਲ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ 50 ਮੀਟਰ ਰਾਈਫਲ ਥ੍ਰੀ-ਪੋਜ਼ੀਸ਼ਨ ਈਵੈਂਟ ਵਿੱਚ ਆਕ੍ਰਿਤੀ ਦਹੀਆ ਨੇ ਚਾਂਦੀ ਦਾ ਤਮਗਾ ਜਿੱਤਿਆ ।

## ਹੁਣ ਖਬਰਾਂ ਵਿਸਥਾਰ ਨਾਲ

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਸਾਈਬਰ ਧੋਖਾਧੜੀ ਦਾ ਮੁਕਾਬਲਾ ਕਰਨ ਅਤੇ ਇਸਦੇ ਈਕੋਸਿਸਟਮ ਦੇ ਖਾਤਮੇ ਬਾਰੇ 'ਤੇ ਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਬੋਲਦਿਆਂ, ਗ੍ਰਿਹ ਮੰਤਰੀ ਨੇ ਕਿਹਾ ਕਿ ਸਾਈਬਰ ਸੁਰੱਖਿਆ ਹੁਣ ਰਾਸ਼ਟਰੀ ਸੁਰੱਖਿਆ ਨਾਲ ਜੁੜੀ ਹੋਈ ਏ । ਉਨ੍ਹਾਂ ਕਿਹਾ ਕਿ ਸਰਕਾਰ ਨੇ ਦੇਸ਼ ਵਿੱਚ ਸਾਈਬਰ ਅਪਰਾਧ ਨੂੰ ਖਤਮ ਕਰਨ ਲਈ ਕਈ ਪਹਿਲਕਦਮੀਆਂ ਸ਼ੁਰੂ ਕੀਤੀਆਂ ਨੇ । ਉਨ੍ਹਾਂ ਕਿਹਾ ਕਿ ਭਾਰਤੀ ਸਾਈਬਰ ਅਪਰਾਧ ਤਾਲਮੇਲ ਕੇਂਦਰ ਸਾਈਬਰ ਅਪਰਾਧ ਖਿਲਾਫ ਇੱਕ ਮਹੱਤਵਪੂਰਨ ਮੰਚ ਬਣ ਗਿਆ ਏ । ਉਨ੍ਹਾਂ ਨੇ ਨਾਗਰਿਕਾਂ ਵਿੱਚ

ਸਾਈਬਰ ਸੁਰੱਖਿਆ ਬਾਰੇ ਵਧੇਰੇ ਜਾਗਰੂਕਤਾ ਫੈਲਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

BYTE

ਗ੍ਰਹਿ ਮੰਤਰੀ ਨੇ ਕੇਂਦਰੀ ਜਾਂਚ ਬਿਊਰੋ ਦੀ ਨਵੀਂ ਸਾਈਬਰ ਅਪਰਾਧ ਸ਼ਾਖਾ ਦਾ ਉਦਘਾਟਨ ਵੀ ਕੀਤਾ ਅਤੇ ਗ੍ਰਹਿ ਮੰਤਰਾਲੇ ਦੇ ਸਟੇਟ ਸਾਈਬਰ ਅਪਰਾਧ ਤਾਲਮੇਲ ਕੇਂਦਰ ਡੈਸ਼ਬੋਰਡ ਨੂੰ ਜਾਰੀ ਕੀਤਾ। ਇਹ ਦੋ-ਰੋਜ਼ਾ ਕਾਨਫਰੰਸ ਕੇਂਦਰੀ ਜਾਂਚ ਬਿਊਰੋ ਵਲੋਂ ਗ੍ਰਹਿ ਮੰਤਰਾਲੇ ਦੇ ਭਾਰਤੀ ਸਾਈਬਰ ਅਪਰਾਧ ਤਾਲਮੇਲ ਕੇਂਦਰ  ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਏ ।

------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ ਅੱਜ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ  ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ ਕੱਢੀ ਗਈ। ਇਹ ਪੈਦਲ ਯਾਤਰਾ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿੱਚ ਬਣੇ ਗੁਰੂ ਘਰ ਤੋਂ ਸ਼ੁਰੂ ਹੋ ਕੇ ਫਿਰੋਜ਼ਪੁਰ ਦੇ ਸਕੂਲ ਆਫ਼ ਐਮੀਨੈਂਸ ਤੱਕ ਪਹੁੰਚੀ। ਇਸ ਮੌਕੇ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਸਿਰਫ਼ ਸਰਕਾਰ ਜਾਂ ਪੁਲਿਸ ਦੀ ਹੀ ਨਹੀਂ, ਬਲਕਿ ਸਮੂਹ ਸਮਾਜ ਦੀ ਵੀ ਜ਼ਿੰਮੇਵਾਰੀ ਏ । ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼

ਜਨ ਅੰਦੋਲਨ ਬਣਾਉਣ ਦੀ ਸਖ਼ਤ ਜ਼ਰੂਰਤ ਏ, ਤਾਂ ਜੋ ਹਰ ਵਿਅਕਤੀ ਇਸ ਮੁਹਿੰਮ ਨਾਲ ਜੁੜ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਆਪਣਾ ਯੋਗਦਾਨ ਪਾ ਸਕੇ।

BYTE

ਰਾਜਪਾਲ ਕੱਲ੍ਹ ਫਾਜ਼ਲਕਾ ਵਿਖੇ ਵੀ ਨਸ਼ਿਆਂ ਖਿਲਾਫ  ਕੱਢੀ ਜਾਣ ਵਾਲੀ ਪੈਦਲ ਯਾਤਰਾ ਵਿੱਚ ਸ਼ਾਮਿਲ ਹੋਣਗੇ।

-----------------------------------------------------------

ਪੰਜਾਬ BJP ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨਾਂ ਸਮੇਤ ਸੁਖਮ ਛੋਟੇ ਤੇ ਦਰਮਿਆਨੇ ਉਦਯੋਗਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਕਰਦਾ ਏ। ਅੱਜ ਅੰਮ੍ਰਿਤਸਰ ਵਿਚ ਇਕ ਪ੍ਰੈਸ ਕਾਨਫਰੰਸ ਦੌਰਾਨ ਸ੍ਰੀ ਜਾਖੜ ਨੇ ਕਿਹਾ ਕਿ ਇਹ ਵਪਾਰ ਸਮਝੌਤਾ ਭਾਰਤ ਦੀ ਖੇਤੀਬਾੜੀ ਦੀਆਂ ਜਰੂਰਤਾਂ ਨੂੰ ਧਿਆਨ ਵਿਚ ਰੱਖਕੇ ਕੀਤਾ ਗਿਆ ਅਤੇ ਇਹ ਕਿਸਾਨਾਂ ਨੂੰ ਤਰੱਕੀ ਅਤੇ ਵਿਕਾਸ ਦੀਆਂ ਨਵੀਆਂ ਉਚਾਈਆਂ 'ਤੇ ਪਹੁੰਚਣ ਦੇ ਯੋਗ ਬਣਾਏਗਾ।

BYTE

ਇਸ ਦੌਰਾਨ ਸ੍ਰੀ ਜਾਖੜ ਨੇ ਪੰਜਾਬ ਵਿਚ ਅਪਰਾਧ , ਕਿਸਾਨ ਅੰਦੋਲਨ, ਡਰੋਨ ਮਸਲੇ ਅਤੇ ਸਰਹੱਦੀ ਵਪਾਰ ਨੂੰ ਲੈ ਕੇ ਵਿਸਥਾਰ ਨਾਲ ਗੱਲਬਾਤ ਕੀਤੀ ।

---------------------------------------------------

ਪੰਜਾਬ ਸਰਕਾਰ ਨੇ ਮਹਾਨ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੇ 180ਵੇਂ ਸ਼ਹੀਦੀ ਦਿਹਾੜੇ ਮੌਕੇ ਅੱਜ ਅੰਮ੍ਰਿਤਸਰ ਵਿਖੇ ਇੱਕ ਸੂਬਾ ਪੱਧਰੀ ਸਮਾਗਮ ਦਾ ਆਯੋਜਨ ਕੀਤਾ । ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਨਮਨ ਕੀਤਾ ।

ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦਾ ਯੋਗਦਾਨ ਸਿੱਖ ਇਤਿਹਾਸ ਵਿੱਚ ਹਮੇਸ਼ਾ ਅਮਰ ਰਹੇਗਾ।

BYTE

ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਟਰੱਸਟ ਦੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਹਰ ਸਾਲ ਇਹ ਸ਼ਹੀਦੀ ਦਿਹਾੜਾ ਰਾਜ ਪੱਧਰ ’ਤੇ ਮਨਾਇਆ ਜਾਂਦਾ ਏ, ਪਰ ਟਰੱਸਟ ਦੀ ਮੁੱਖ ਮੰਗ ਏ ਕਿ ਇਸ ਸ਼ਹੀਦੀ ਦਿਹਾੜੇ ਨੂੰ ਪੰਜਾਬ ਸਰਕਾਰ ਵੱਲੋਂ ਗਜ਼ਟ ਵਿੱਚ ਨੋਟੀਫਾਈ

ਕਰਕੇ ਸਥਾਈ ਤੌਰ ’ਤੇ ਦਰਜ ਕੀਤਾ ਜਾਵੇ, ਤਾਂ ਜੋ ਹਰ ਸਾਲ ਸਰਕਾਰ ਅੱਗੇ ਵੱਖਰੇ ਤੌਰ ’ਤੇ ਬੇਨਤੀ ਨਾ ਕਰਨੀ ਪਵੇ ।ਇਸ ਮੌਕੇ ਪ੍ਰਹੰਚੇ ਕਰਨਲ ਹਰਿੰਦਰ ਸਿੰਘ ਨੇ ਕਿਹਾ ਕਿ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੀ ਸ਼ਹਾਦਤ ਸਿਰਫ਼ ਉਨ੍ਹਾਂ ਦੇ ਪਰਿਵਾਰ ਹੀ ਨਹੀਂ, ਸਗੋਂ ਪੂਰੇ ਸਮਾਜ ਲਈ ਮਾਣ ਦੀ ਗੱਲ ਹੈ। ਉਨ੍ਹਾਂ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਨਵੀਂ ਪੀੜ੍ਹੀ ਨੂੰ ਦੇਸ਼ਭਗਤੀ ਅਤੇ ਬਲਿਦਾਨ ਦੀ ਪ੍ਰੇਰਣਾ ਦਿੰਦੇ ਨੇ ।

------------------------------------------------------------

ਪੰਜਾਬ ਭਰ ਵਿਚ ਚਲਾਏ ਜਾ ਰਹੇ ਆਪਰੇਸ਼ਨ ਪਰਹਾਰ ਦੇ ਦੂਜੇ ਗੇੜ ਤਹਿਤ ਅੱਜ  ਜਲੰਧਰ ਪੁਲਿਸ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਗੈਂਗਸਟਰਾਂ, ਨਸ਼ਾ ਤਸਕਰਾਂ, ਗੈਰਕਾਨੂੰਨੀ ਹਥਿਆਰਾਂ ਅਤੇ ਹੋਰ ਸਮਾਜ ਵਿਰੋਧੀ ਤੱਤਾਂ ਖ਼ਿਲਾਫ਼ ਕੇਂਦ੍ਰਿਤ ਇਹ ਮੁਹਿੰਮ ਅਤੇ “ਯੁੱਧ ਨਸ਼ਿਆਂ ਵਿਰੁੱਧ” ਅਧੀਨ ਵਿਸ਼ੇਸ਼ ਕੋਰਡਨ ਐਂਡ ਸਰਚ ਓਪਰੇਸ਼ਨ-ਕਾਸੋ  ਕੀਤਾ ਗਿਆ। ਇਹ ਕਾਰਵਾਈ ਵਿਸ਼ੇਸ਼ ਡੀਜੀਪੀ ਗੁਰਪ੍ਰੀਤ ਦਿਓ ਅਤੇ ਜਲੰਧਰ ਦੀ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੀ  ਨਿਗਰਾਨੀ ਹੇਠ ਅਮਲ ਵਿੱਚ ਲਿਆਂਦੀ ਗਈ। ਇਸ ਮੌਕੇ ਵਿਸ਼ੇਸ਼ ਡੀਜੀਪੀ ਨੇ ਕਿਹਾ ।

BYTE

ਇਸ ਓਪਰੇਸ਼ਨ ਦਾ ਮੁੱਖ ਉਦੇਸ਼ ਸੰਗਠਿਤ ਅਪਰਾਧ, ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੇ ਫੈਲਾਅ 'ਤੇ ਰੋਕ ਲਗਾਉਣਾ ਅਤੇ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨਾ ਏ । ਕਾਰਵਾਈ ਦੌਰਾਨ ਵੱਖ-ਵੱਖ ਇਲਾਕਿਆਂ ਵਿੱਚ 51 ਥਾਂਵਾਂ ਤੇ ਛਾਪੇ ਮਾਰਕੇ 12 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਦਕਿ 9 ਵਿਅਕਤੀਆਂ ਨੂੰ ਰੋਕਥਾਮ ਕਾਰਵਾਈ ਅਧੀਨ ਹਿਰਾਸਤ ਵਿੱਚ ਲਿਆ ਗਿਆ। ਇਸ ਤੋਂ ਇਲਾਵਾ 16 ਵਿਅਕਤੀਆਂ ਦੀ ਪੁੱਛਗਿੱਛ ਤੇ ਤਸਦੀਕ ਕੀਤੀ ਗਈ ਅਤੇ 177 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ। ਪੁਲਿਸ ਟੀਮਾਂ ਵੱਲੋਂ ਰੇਲਵੇ ਸਟੇਸ਼ਨ ਅਤੇ ਬੱਸ ਅੱਡੇ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ , ਨਾਲ ਹੀ ਰਣਨੀਤਿਕ ਥਾਵਾਂ 'ਤੇ 9 ਨਾਕਾਬੰਦੀਆਂ ਲਗਾਈਆਂ ਗਈਆਂ। ਵਿਸ਼ੇਸ਼ ਡੀਜੀਪੀ ਗੁਰਪ੍ਰੀਤ ਦਿਓ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਨਾਲ ਸਹਿਯੋਗ ਕਰਨ ਅਤੇ ਕਿਸੇ ਵੀ ਗੈਰਕਾਨੂੰਨੀ ਗਤਿਵਿਧੀ ਬਾਰੇ ਜਾਣਕਾਰੀ ਲਈ 112 'ਤੇ ਕਾਲ ਕਰਨ। ਸੂਚਨਾ ਦੇਣ ਵਾਲਿਆਂ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

---------------------------------------------------

ਓਧਰ ਫ਼ਤਹਿਗੜ੍ਹ ਸਾਹਿਬ ਪੁਲਿਸ ਵੱਲੋਂ ਵੱਖ-ਵੱਖ ਥਾਵਾਂ ਤੇ ਛਾਪੇਮਾਰੀ ਕਰਕੇ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਅਤੇ ਸ਼ੱਕੀ 60 ਤੋਂ ਵੱਧ

ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਏ । ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਕਿਹਾ ਕਿ ਜੋ ਨੌਜਵਾਨ ਗਲਤ ਰਸਤੇ 'ਤੇ ਨੇ ਉਨ੍ਹਾਂ ਨੂੰ ਆਤਮ-ਸਮਰਪਣ ਕਰਨ ਦਾ ਮੌਕਾ ਦਿੱਤਾ ਜਾਵੇਗਾ, ਪਰ ਅਪਰਾਧੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਰੂਪਨਗਰ ਵਿਖੇ DIG ਨਾਨਕ ਸਿੰਘ ਦੀ ਅਗਵਾਹੀ ਵਿੱਚ ਜ਼ਿਲਾ ਅਦਾਲਤਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।

---------------------------------------------------------

ਅੰਮ੍ਰਿਤਸਰ ਪੁਲਿਸ ਨੇ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2 ਹੱਥਗੋਲੇ ਅਤੇ ਵਿਸਫੋਟਕ ਯੰਤਰ ਬਰਾਮਦ ਕੀਤਾ ਏ। ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਡਰੋਨ ਰਾਹੀਂ ਸਰਹੱਦ ਪਾਰੋਂ ਭੇਜੇ ਗਏ 2 ਹੱਥਗੋਲੇਆਂ ਸਮੇਤ ਪਿੰਡ ਚਕ ਮਿਸ਼ਰੀਵਾਲ ਦੇ ਸੁਖਮਿੰਦਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਏ । ਬਾਰਡਰ ਰੇਂਜ ਦੇ DIG, ਸੰਦੀਪ ਗੋਇਲ ਨੇ ਦਸਿਆ ਕਿ ਮੁਲਜ਼ਮ ਨੂੰ ਅੰਮ੍ਰਿਤਸਰ ਦਿਹਾਤੀ ਦੇ ਐਸ.ਐਸ.ਪੀ ਸੁਹੇਲ ਕਬੀਰ ਮੀਰ ਅਤੇ ਉਨ੍ਹਾਂ ਦੀ ਟੀਮ ਨੇ ਆਪ੍ਰੇਸ਼ਨ ਪਰਹਾਰ-2 ਤਹਿਤ ਗ੍ਰਿਫ਼ਤਾਰ ਕੀਤਾ ਏ । ਮੁਲਜ਼ਮ ਆਈ.ਐਸ.ਆਈ ਦੇ ਸੰਪਰਕ ਵਿੱਚ ਸੀ। ਉਨ੍ਹਾਂ ਕਿਹਾ ਕਿ ਪੁਲਿਸ ਆਈ.ਐਸ.ਆਈ ਸਮਰਥਿਤ ਸਰਹੱਦ ਪਾਰੋਂ ਨੈੱਟਵਰਕ ਦੀ ਇੱਕ ਹੋਰ ਕੋਸ਼ਿਸ਼ ਨੂੰ ਨਾਕਾਮ ਕਰਨ ਦੇ ਯੋਗ ਏ ।

BYTE

ਖੁਫੀਆ ਜਾਣਕਾਰੀ ਦੇ ਅਧਾਰ 'ਤੇ ਕੀਤੀ ਇਕ ਹੋਰ ਕਾਰਵਾਈ ਵਿੱਚ ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ RDX-ਅਧਾਰਤ IED ਦੀ ਬਰਾਮਦਗੀ ਨਾਲ ਪਾਕਿਸਤਾਨ ISI-ਸਮਰਥਿਤ ਦਹਿਸ਼ਤਗਰਦੀ ਸਾਜ਼ਿਸ਼ ਨੂੰ ਨਾਕਾਮ ਕਰਦਿਆਂ ਅੰਮ੍ਰਿਤਸਰ ਤੋਂ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਏ । ਮੁਢਲੀ ਜਾਂਚ ਵਿਚ ਪਤਾ ਲਗਿਆ ਕਿ ਮੁਲਜ਼ਮ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸੀ ਜੋ ਪਾਕਿਸਤਾਨ-ਅਧਾਰਤ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਕੰਮ ਕਰ ਰਿਹਾ ਸੀ। ਡਿਵਾਈਸ ਨੂੰ ਇੱਕ PVC ਪਾਈਪ ਕੇਸਿੰਗ ਵਿੱਚ ਛੁਪਾਇਆ ਗਿਆ ਸੀ । ਪੂਰੇ ਦਹਿਸ਼ਤਗਰਦੀ ਨੈੱਟਵਰਕ ਦਾ ਪਤਾ ਲਗਾਉਣ ਲਈ ਅਗਲੀ ਜਾਂਚ ਜਾਰੀ ਏ ।

------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸਵੇਰੇ ਪਟਿਆਲਾ ਜ਼ਿਲ੍ਹੇ ਦੇ ਭਾਦਸੋਂ ਵਿਖੇ ਸਥਿਤ ਸਕੂਲ ਆਫ਼ ਐਮੀਨੈਂਸ ਦਾ ਅਚਨਚੇਤ ਦੌਰਾ ਕੀਤਾ । ਇਸ ਦੌਰਾਨ ਸਿੱਖਿਆ ਮੰਤਰੀ ਨੇ ਚੱਲ ਰਹੇ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਸਿੱਖਿਆ ਦੀ ਗੁਣਵੱਤਾ ਅਤੇ ਪ੍ਰਦਾਨ ਕੀਤੀਆਂ ਜਾ ਰਹੀਆਂ ਸਹੂਲਤਾਂ ਦਾ ਮੁਲਾਂਕਣ ਕਰਨ ਲਈ ਵਿਦਿਆਰਥੀਆਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ।

ਦੌਰਾ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕਰਨ ਸਬੰਧੀ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਅਤੇ ਸਹੂਲਤਾਂ ਬਾਰੇ ਪ੍ਰਤੀਕਰਮ ਲੈਣ ਲਈ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾਂ ਇਸ ਸਕੂਲ ਵਿੱਚ 90 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾ ਰਹੇ ਅਤਿ-ਆਧੁਨਿਕ ਇਨਡੋਰ ਸਪੋਰਟਸ ਕੰਪਲੈਕਸ ਦੇ ਨਿਰਮਾਣ ਦਾ ਵੀ ਜਾਇਜ਼ਾ ਲਿਆ । ਸਕੂਲ ਪ੍ਰਿੰਸੀਪਲ ਪ੍ਰੀਤ ਇੰਦਰ ਘਈ ਨੇ ਸਿੱਖਿਆ ਮੰਤਰੀ ਨੂੰ ਦੱਸਿਆ ਕਿ ਇਸ ਅਕਾਦਮਿਕ ਸਾਲ ਇਸ ਸਕੂਲ ਦੇ ਦਾਖਲਿਆਂ ਵਿੱਚ 11 ਫ਼ੀਸਦੀ ਵਾਧਾ ਹੋਇਆ ਏ ਅਤੇ 200 ਤੋਂ ਵੱਧ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਤੋਂ ਆਏ ਨੇ , ਜੋ ਕਿ ਸਰਕਾਰੀ ਸਿੱਖਿਆ ਪ੍ਰਣਾਲੀ ਵਿੱਚ ਮਾਪਿਆਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ, ਜਸਵੀਰ ਸਿੰਘ ਗੜ੍ਹੀ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ, ਪੰਜਾਬ ਮੰਤਰੀ ਮੰਡਲ ਦੇ ਅਨੁਸੂਚਿਤ ਜਾਤੀ ਨਾਲ ਸੰਬਧਤ ਇਕ ਮੰਤਰੀ ਖਿਲਾਫ ਕੀਤੀ ਗਈ ਕਥਿਤ ਅਪਮਾਨਜਨਕ ਅਤੇ ਘਿਣਾਉਣੀ ਟਿੱਪਣੀ ਬਾਰੇ ਸਪੱਸ਼ਟੀਕਰਨ ਦੇਣ ਲਈ ਕੱਲ੍ਹ ਤਲਬ ਕੀਤਾ ਏ । ਸ਼੍ਰੀ ਗੜ੍ਹੀ ਨੇ

ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ ਕਿ ਕਾਂਗਰਸ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ, ਅਨੁਸੂਚਿਤ ਜਾਤੀ ਨਾਲ ਸਬੰਧਤ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਖਿਲਾਫ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਏ । ਚੇਅਰਮੈਨ ਨੇ ਕਿਹਾ ਕਿ ਸ੍ਰੀ ਬਾਜਵਾ ਨੂੰ ਕੱਲ੍ਹ 11 ਫਰਵਰੀ ਨੂੰ ਕਮਿਸ਼ਨ ਦੇ ਦਫ਼ਤਰ ਵਿੱਚ ਤਲਬ ਕਰਨ ਤੋਂ ਇਲਾਵਾ, ਇਸ ਮਾਮਲੇ ਵਿੱਚ ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਤੋਂ ਵੀ ਰਿਪੋਰਟ ਮੰਗੀ ਗਈ ਏ ।

------------------------------------------------

ਏਸ਼ੀਅਨ ਰਾਈਫਲ ਅਤੇ ਪਿਸਟਲ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ 50 ਮੀਟਰ ਰਾਈਫਲ ਥ੍ਰੀ-ਪੋਜ਼ੀਸ਼ਨ ਈਵੈਂਟ ਵਿੱਚ ਆਕ੍ਰਿਤੀ ਦਹੀਆ ਨੇ ਚਾਂਦੀ ਦਾ ਤਮਗਾ ਜਿੱਤਿਆ। ਕਜ਼ਾਕਿਸਤਾਨ ਦੀ ਸੋਫੀਆ ਸ਼ੁਲਜ਼ੇਂਕੋ ਨੇ ਸੋਨੇ ਦਾ ਤਮਗਾ  ਜਦੋਂ ਕਿ ਅੰਜੁਮ ਮੋਦਗਿਲ ਨੇ ਕਾਂਸੀ ਦਾ ਤਮਗਾ ਜਿੱਤਿਆ। ਭਾਰਤੀ ਜੋੜੀ ਆਕ੍ਰਿਤੀ ਦਹੀਆ, ਅੰਜੁਮ ਮੋਦਗਿਲ ਅਤੇ ਆਸ਼ੀ ਚੌਕਸੀ ਨੇ ਟੀਮ ਈਵੈਂਟ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਕਜ਼ਾਕਿਸਤਾਨ ਨੇ ਸੋਨ ਤਮਗਾ ਜਿੱਤਿਆ।

------------------------------------------------

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ, ਸਾਈਬਰ ਧੋਖਾਧੜੀ ਦਾ ਮੁਕਾਬਲਾ ਕਰਨ ਅਤੇ ਇਸਦੇ ਈਕੋਸਿਸਟਮ ਦੇ ਖਾਤਮੇ ਬਾਰੇ ਰਾਸ਼ਟਰੀ ਕਾਨਫਰੰਸ ਦਾ ਉਦਘਾਟਨ ਕੀਤਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ ਅੱਜ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਵਿੱਚ ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ ਕੱਢੀ ਗਈ- ਨਸ਼ਿਆਂ ਖ਼ਿਲਾਫ਼ ਜਨ ਅੰਦੋਲਨ ਬਣਾਉਣ ਦੀ ਕੀਤੀ ਅਪੀਲ।
- ਪੰਜਾਬ BJP ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ -ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨਾਂ ਸਮੇਤ ਸੁਖਮ ਛੋਟੇ ਤੇ ਦਰਮਿਆਨੇ ਉਦਯੋਗਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਕਰਦਾ ਏ।
- ਅੰਮ੍ਰਿਤਸਰ ਪੁਲਿਸ ਨੇ ਵੱਖ ਵੱਖ ਮਾਮਲਿਆਂ 'ਚ 2 ਵਿਅਕਤੀਆਂ ਨੂੰ 2 ਹੱਥਗੋਲਿਆਂ ਅਤੇ ਵਿਸਫੋਟਕ ਸਮਗਰੀ ਸਮੇਤ ਕੀਤਾ ਗ੍ਰਿਫ਼ਤਾਰ ।
- ਏਸ਼ੀਅਨ ਰਾਈਫਲ ਅਤੇ ਪਿਸਟਲ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ 50 ਮੀਟਰ ਰਾਈਫਲ ਥ੍ਰੀ-ਪੋਜ਼ੀਸ਼ਨ ਈਵੈਂਟ ਵਿੱਚ ਆਕ੍ਰਿਤੀ ਦਹੀਆ ਨੇ ਚਾਂਦੀ ਦਾ ਤਮਗਾ ਜਿੱਤਿਆ।

---------------------------------------------------------------------------------

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**